ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ CASO ਪ੍ਰੋਗਰਾਮ ਤਹਿਤ ਚਲਾਇਆ  ਸਰਚ ਅਭਿਆਨ

ਸਬ ਡਵੀਜਨ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ ਅਤੇ ਲੰਬੀ ਦੇ ਸ਼ਹਿਰਾਂ/ਪਿੰਡਾਂ ਵਿੱਚ ਕੀਤਾ ਸਰਚ

ਨਸ਼ਾ ਤਸਕਰਾਂ ਅਤੇ ਸ਼ਰਾਰਤੀ ਅਨਸਰਾਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ :ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ





ਸ੍ਰੀ ਮੁਕਤਸਰ ਸਾਹਿਬ(                    ) ਮਾਨਯੋਗ ਸ.ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ. ਪੰਜਾਬ ਅਤੇ  ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿਲ੍ਹਾ ਅੰਦਰ ਸ਼ਰਾਰਤੀ ਅਨਸਰਾਂ ਅਤੇ ਨਸ਼ਿਆਂ ਦੇ ਸੌਦਾਗਰਾਂ ਖਿਲਾਫ ਮੁਹਿੰਮ ਵਿੱਡੀ ਗਈ ਹੈ ਜਿਸ ਤਹਿਤ ਪੁਲਿਸ ਦੀਆਂ ਅਲੱਗ ਅਲੱਗ ਟੁਕੜੀਆਂ ਬਣਾ ਕੇ ਨਾਕਾਬੰਦੀ ਕਰ ਸਰਚ ਅਭਿਆਨ ਚਲਾਏ ਜਾ ਰਹੇ ਹਨ ਅਤੇ ਨਸ਼ੇ ਵੇਚਣ ਵਾਲਿਆਂ ਦੇ ਟਿਕਾਣਿਆਂ ਤੇ ਸਰਚ ਕੀਤਾ ਜਾ ਰਿਹਾ ਹੈ। ਇਸੇ ਤਹਿਤ ਹੀ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਦੀ ਅਗਵਾਈ ਹੇਠ ਜਿਲਾ ਸ੍ਰੀ ਮੁਕਤਸਰ ਸਾਹਿਬ ਜਿਲੇ ਦੀਆਂ ਚਾਰੇ ਸਬ ਡਿਵੀਜ਼ਨਾਂ, ਸ੍ਰੀ ਮੁਕਤਸਰ ਸਾਹਿਬ,  ਮਲੋਟ, ਗਿੱਦੜਬਾਹਾ ਅਤੇ ਲੰਬੀ ਦੇ ਪਿੰਡਾਂ ਅਤੇ ਕਸਬਿਆ ਅੰਦਰ ਸਰਚ ਅਪ੍ਰੈਸ਼ਨ ਚਲਾਇਆ ਗਿਆ। ਇਸ ਮੌਕੇ ਸ੍ਰੀ ਮਨਮੀਤ ਸਿੰਘ ਢਿੱਲੋ ਐਸ.ਪੀ(ਡੀ), ਸ. ਸਤਨਾਮ ਸਿੰਘ ਡੀ.ਐਸ.ਪੀ(ਸ੍ਰੀ ਮੁਕਤਸਰ ਸਾਹਿਬ ),ਸ. ਫਤਿਹ ਸਿੰਘ ਬਰਾੜ ਡੀ.ਐਸ.ਪੀ (ਲੰਬੀ), ਸ. ਜਸਬੀਰ ਸਿੰਘ ਡੀ.ਐਸ.ਪੀ (ਗਿੱਦੜਬਾਹਾ), ਸ੍ਰੀ ਪਵਨਜੀਤ ਡੀ.ਐਸ.ਪੀ (ਮਲੋਟ). ਜਸਪਾਲ ਸਿੰਘ ਡੀ.ਐਸ.ਪੀ(ਡੀ), ਸਮੂਹ ਮੁੱਖ ਅਫਸਰਾਨ ਥਾਣਾ ਅਤੇ 300 ਦੇ ਕ੍ਰੀਬ ਪੁਲਿਸ ਅਧਿਕਾਰੀਆ/ਕ੍ਰਮਚਾਰੀਆਂ ਮੌਜੂਦ ਸਨ।